# ਸੂਚਨਾ

ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਰਕਾਰੀ/ਏਡਿਡ/ਐਫੀਲੀਏਟਿਡ ਅਤੇ ਐਸੋਸੀਏਟਿਡ ਸਕੂਲ ਮੁੱਖੀਆਂ ਅਤੇ ਪੰਜਾਬ ਰਾਜ ਦੇ ਸਮੂਹ ਵਿਦਿਆਰਥੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਬੋਰਡ ਵੱਲੋਂ ਅਕਾਦਮਿਕ ਸਾਲ 2023-24 ਲਈ ਪੰਜਵੀਂ, ਅੱਠਵੀਂ ਤੋਂ ਬਾਰਵੀਂ ਸ਼੍ਰੇਣੀਆਂ ਲਈ ਸਕੂਲਾਂ ਵਿੱਚ ਦਾਖਲਾ ਲੈਣ ਵਾਲੇ ਰੈਗੂਲਰ ਵਿਦਿਆਰਥੀਆਂ ਵਾਸਤੇ ਦਾਖਲੇ ਦੀ ਅੰਤਿਮ ਮਿਤੀ 15 ਮਈ 2023 ਰੱਖੀ ਗਈ ਹੈ।

ਉਪ- ਸਕੱਤਰ(ਅਕਾਦਮਿਕ)

ਪੰਜਾਬ ਸਕੂਲ ਸਿੱਖਿਆ ਬੋਰਡ

ਵਿੱਦਿਆ ਭਵਨ ਫੇਜ਼-8, ਸਾਹਿਬਜ਼ਾਦਾ ਅਜੀਤ ਸਿੰਘ ਨਗਰ-160062

(ਅਕਾਦਮਿਕ ਸ਼ਾਖਾ)

ਵੱਲ

ਪੰਜਾਬ ਰਾਜ ਦੇ ਸਮੂਹ ਪ੍ਰਿੰਸੀਪਲ / ਮੁੱਖ ਅਧਿਆਪਕ / ਮੁੱਖ

ਸੀਨੀਅਰ ਸੈਕੰਡਰੀ ਤੇ ਹਾਈ ਸਕੂਲ।

ਨੰ: ਪਸਸਬ-ਅਕਾਦਮਿਕ / 2023...770..... ਮਿਤੀ.....29/03/2023

ਵਿਸ਼ਾ:- **ਦਾਖਲਾ ਸਾਲ 2023-24 ਲਈ ਪੰਜਵੀਂ, ਅੱਠਵੀਂ, ਨੌਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸ਼ਡਿਊਲ।**

ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਦਾਖਲਾ ਸਾਲ 2023-24 ਲਈ ਪੰਜਵੀਂ, ਅੱਠਵੀਂ, ਨੌਵੀਂ, ਦਸਵੀਂ, ਗਿਆਰ੍ਹਵੀਂ ਅਤੇ ਬਾਰ੍ਹਵੀਂ ਸ਼੍ਰੇਣੀਆਂ ਦਾ ਦਾਖਲਾ ਸ਼ਡਿਊਲ ਹੇਠ ਲਿਖੇ ਅਨੁਸਾਰ ਨਿਰਧਾਰਿਤ ਕੀਤਾ ਗਿਆ ਹੈ:-

| ਸ਼੍ਰੇਣੀ | ਦਾਖਲੇ ਦੀ ਅੰਤਿਮ ਮਿਤੀ |
|---|---|
| ਪੰਜਵੀਂ, ਅੱਠਵੀਂ ਤੋਂ ਬਾਰ੍ਹਵੀਂ | 15-05-2023 |

1. ਪੰਜਾਬ ਸਕੂਲ ਸਿੱਖਿਆ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਪਾਸ /ਫੇਲ ਹੋਏ ਵਿਦਿਆਰਥੀ ਨਤੀਜਾ ਨਿਕਲਣ ਤੋਂ 15 ਦਿਨਾਂ ਅੰਦਰ-ਅੰਦਰ ਜਾਂ ਜੇ ਸਕੂਲ ਸਿੱਖਿਆ ਵਿਭਾਗ ਵੱਲੋਂ ਜਾਰੀ ਸ਼ਡਿਊਲ ਮੁਤਾਬਿਕ ਛੁੱਟੀਆਂ ਹੋਣ ਤਾਂ ਸਕੂਲ ਖੁੱਲਣ ਤੋਂ ਬਾਅਦ 10 ਦਿਨਾਂ ਦੇ ਅੰਦਰ ਦਾਖਲਾ ਲੈ ਸਕਦੇ ਹਨ।
2. ਸੰਸਥਾ ਮੁੱਖੀ ਲੇਟ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀਆ ਦਾਖਲਾ ਲੈਣ ਦੀ ਮਿਤੀ ਤੋਂ 75% ਹਾਜ਼ਰੀਆਂ ਹੋਣੀਆਂ ਯਕੀਨੀ ਬਣਾਉਣਗੇ।
3. ਸਮੂਹ ਸਕੂਲ / ਸੰਸਥਾ ਮੁੱਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਦੂਜੇ ਰਾਜਾਂ ਤੋਂ ਚੌਥੀ, ਸੱਤਵੀਂ, ਨੌਵੀਂ, ਦਸਵੀਂ ਅਤੇ ਗਿਆਰ੍ਹਵੀਂ ਸ਼੍ਰੇਣੀ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲੇ ਲਈ ਸਮਾਨਤਾ ਪੱਤਰ ਲੈਣਾ ਲਾਜ਼ਮੀ ਨਹੀਂ ਹੈ। ਬੋਰਡ ਦੀ ਵੈੱਬਸਾਈਟ www.pseb.ac.in ਤੇ ਉਪਲਬੱਧ ਐਮ.ਐਚ.ਆਰ.ਡੀ ਵੱਲੋਂ ਪ੍ਰਵਾਨਿਤ ਬੋਰਡਾਂ ਦੀ ਸੂਚੀ ਅਨੁਸਾਰ ਹੀ ਦੂਜੇ ਰਾਜਾਂ /ਬੋਰਡਾਂ ਤੋਂ ਪਾਸ ਕਰਕੇ ਆਏ ਵਿਦਿਆਰਥੀਆਂ ਨੂੰ ਦਾਖਲਾ ਦਿੱਤਾ ਜਾਵੇ। ਉਹ ਵਿਦਿਆਰਥੀਆਂ ਜਿਨ੍ਹਾਂ ਨੇ ਸਕੂਲ ਪੱਧਰ ਦੀ ਪੜ੍ਹਾਈ ਕਿਸੇ ਬਾਹਰਲੇ ਦੇਸ ਤੋਂ ਕੀਤੀ ਹੋਵੇ ਅਤੇ ਅਗਲੇਰੀ ਪੜ੍ਹਾਈ ਪੰਜਾਬ ਸਕੂਲ ਸਿੱਖਿਆ ਬੋਰਡ ਤੋਂ ਕਰਨਾ ਚਾਹੁੰਦੇ ਹੋਣ ਤਾਂ ਉਹ ਵਿਦਿਆਰਥੀਆਂ ਨੂੰ AIU ਤੋਂ ਪ੍ਰਾਪਤ ਸਮਾਨਤਾ ਪੱਤਰ ਮੁਹੱਈਆ ਕਰਵਾਉਣ ਉਪਰੰਤ ਹੀ ਬੋਰਡ ਵੱਲੋਂ ਸਮਾਨਤਾ ਪੱਤਰ ਜਾਰੀ ਕੀਤਾ ਜਾਵੇਗਾ।
4. ਸਮੂਹ ਸਕੂਲ /ਸੰਸਥਾ ਮੁੱਖੀ ਉਪਰੋਕਤ ਦਾਖਲਾ ਸ਼ਡਿਊਲ ਦੀ ਇੰਨ-ਬਿੰਨ ਪਾਲਣਾ ਕਰਨ ਦੀ ਖੇਚਲ ਕਰਨ।

ਉਪ ਸਕੱਤਰ (ਅਕਾਦਮਿਕ)
ਪੰਜਾਬ ਸਕੂਲ ਸਿੱਖਿਆ ਬੋਰਡ।

ਪਿੱਠ ਨੰ: ਪਸਸਬ-ਸੁ-ਅਕਾਦਮਿਕ-2023.....771.......
ਮਿਤੀ....29/03/2023

ਉਪਰੋਕਤ ਦਾ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1. ਚੇਅਰਮੈਨ ਜੀ ਦੇ ਨਿੱਜੀ ਸਕੱਤਰ, ਵਾਈਸ ਚੇਅਰਮੈਨ ਜੀ ਦੇ ਨਿੱਜੀ ਸਕੱਤਰ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੇ ਨਿੱਜੀ ਸਹਾਇਕਾਂ ਨੂੰ ਚੇਅਰਮੈਨ ਜੀ, ਵਾਈਸ ਚੇਅਰਮੈਨ ਜੀ, ਸਕੱਤਰ ਜੀ ਅਤੇ ਉਪ ਸਕੱਤਰ (ਅਕਾਦਮਿਕ) ਜੀ ਦੀ ਸੂਚਨਾ ਹਿੱਤ।
2. ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ, ਪੰਜਾਬ, ਐਸ.ਏ.ਐਸ.ਨਗਰ।
3. ਡੀ.ਪੀ.ਆਈ. (ਸੈਕੰਡਰੀ ) ਪੰਜਾਬ, ਐਸ.ਏ.ਐਸ.ਨਗਰ।
4. ਪੰਜਾਬ ਰਾਜ ਦੇ ਸਮੂਹ ਸਰਕਲ ਸਿੱਖਿਆ ਅਫਸਰਾਂ ਅਤੇ ਜ਼ਿਲ੍ਹਾ ਸਿੱਖਿਆ ਅਫਸਰਾਂ (ਸੈ.ਸਿ.) ਨੂੰ :
5. ਉਪ ਸਕੱਤਰ/ਸਹਾਇਕ ਸਕੱਤਰ ਰਜਿਸਟ੍ਰੇਸ਼ਨ / ਮਾਈਗ੍ਰੇਸ਼ਨ ਸ਼ਾਖਾ ਅਤੇ ਕੰਪਿਊਟਰ ਸ਼ਾਖਾ ਪੰਜਾਬ ਸਕੂਲ ਸਿੱਖਿਆ ਬੋਰਡ।